Vigilance Bureau Punjab

**Vigilance nabs Edu dept employee for taking bribe of Rs. one lakh**

Chandigarh July 21 : Punjab Vigilance Bureau arrested a Junior Assistant of Education department for taking bribe of Rs. one lakh.

Disclosing this here today a spokesperson of the State Vigilance Bureau said Pritpal Singh, Junior Assistant (JA) posted in the office of District Education Officer (Elementary) SAS Nagar has been nabbed red-handed on the complaint of Karamjeet Singh, posted as ETT teacher in the same district. The complainant has approached the Bureau and informed that accused Pritpal Singh was demanding 40% of total amount as a bribe to clear his pending dues when he was under suspension.

After verifying this information, the vigilance team laid a trap and the accused Junior Assistant was arrested on the spot while taking bribe of Rs. one lakh from the complainant in the presence of two official witnesses.

He informed that a case under section of prevention of corruption act has been registered against him at VB police station, SAS Nagar and further investigation is under progress.

I/ 826431/2021

---------

ਵਿਜੀਲੈਂਸ ਬਿਓਰੋ ਪੰਜਾਬ

## **ਵਿਜੀਲੈਂਸ ਨੇ ਇਕ ਲੱਖ ਰੁਪਏ ਦੀ ਰਿਸ਼ਵਤ ਲੈਂਦਾ ਸਿੱਖਿਆ ਵਿਭਾਗ ਦਾ ਕਰਮਚਾਰੀ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 21 ਜੁਲਾਈ: ਪੰਜਾਬ ਵਿਜੀਲੈਂਸ ਬਿਊਰੋ ਨੇ ਜਿਲਾ ਸਿੱਖਿਆ ਅਫਸਰ (ਪ੍ਰਾਇਮਰੀ) ਦੇ ਦਫਤਰ ਐਸ.ਏ.ਐਸ ਨਗਰ ਵਿਖੇ ਤਾਇਨਾਤ ਜੂਨੀਅਰ ਸਹਾਇਕ ਪ੍ਰਿਤਪਾਲ ਸਿੰਘ ਨੂੰ ਇਕ ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਕਮਰਚਾਰੀ ਨੂੰ ਸ਼ਿਕਾਇਤਕਰਤਾ ਕਰਮਜੀਤ ਸਿੰਘ, ਈ.ਟੀ.ਟੀ ਅਧਿਆਪਕ, ਜਿਲਾ ਐਸ.ਏ.ਐਸ ਨਗਰ ਦੀ ਸ਼ਿਕਾਇਤ ‘ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੀ ਮੁਅੱਤਲੀ ਸਮੇ ਦੌਰਾਨ ਭੱਤੇ ਦੇ ਬਕਾਏ ਦੀ ਅਦਾਇਗੀ ਕਰਨ ਬਦਲੇ ਉਕਤ ਕਮਰਚਾਰੀ ਵਲੋਂ ਕੁੱਲ ਬਕਾਏ ਦਾ 40 ਫੀਸਦੀ ਹਿੱਸਾ ਬਤੌਰ ਰਿਸ਼ਵਤ ਵਜੋਂ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਜੂਨੀਅਰ ਸਹਾਇਕ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਇਕ ਲੱਖ ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਐਸ.ਏ.ਐਸ ਨਗਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------------